

ਸੇਂਟ ਥੋਮਸ ਹਾਈ ਸਕੂਲ ਮਸਤਕੋਟ ਵਿਖੇ ਗੋਲਡ ਮੈਡਲ ਤੇ ਜਿੱਤੀ ਟਰਾਫੀ ਦਿਖਾਉਂਦੇ ਹੋਏ ਵਿਦਿਆਰਥੀ ਤੇ ਪ੍ਰਿੰਸੀਪਲ ਸਿਸਟਰ ਸਾਗੁਨਾ।

# ਸੇਂਟ ਥੋਮਸ ਹਾਈ ਸਕੂਲ ਨੇ ਜਿੱਤੇ 37 ਤਗਮੇ

**ਪੱਤਰ ਪ੍ਰੇਰਕ, ਪੰਜਾਬੀ ਜਾਗਰਣ, ਕਲਾਨੌਰ:** ਵਿਦਿਆ ਦੇ ਚਾਨਣ ਮੁਨਾਰੇ ਵਜੋਂ ਜਾਣੇ ਜਾਂਦੇ ਸੇਂਟ ਥੋਮਸ ਹਾਈ ਸਕੂਲ ਮਸਤਕੋਟ ਦੇ ਵਿਦਿਆਰਥੀਆ ਵੱਲੋਂ ਕਪੂਰਥਲਾ ਵਿਖੇ ਹੋਈ ਦੂਸਰੀ ਇੰਡੀਅਨ ਓਪਨ ਕਰਾਟੇ ਚੈਂਪੀਅਨਸ਼ਿਪ ਵਿੱਚ ਗੋਲਡ, ਸਿਲਵਰ ਤੇ ਬਰਾਊਨ ਦੇ 37 ਤਗਮੇ ਜਿੱਤੇ ਕੇ ਸਕੂਲ ਦਾ ਨਾ ਰੋਸ਼ਨ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆ ਹੋਇਆ ਸਕੂਲ ਮੈਨੇਜਰ ਫਾਦਰ ਏਐੱਮ ਬੀਨੂ ਅਤੇ ਪ੍ਰਿੰਸੀਪਲ ਸਿਸਟਰ ਸਾਗੁਨਾ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀਆ ਵੱਲੋਂ ਕਪੂਰਥਲਾ ਵਿਖੇ ਹੋਈ ਕਰਾਟੇ ਚੈਂਪੀਅਨਸ਼ਿਪ ਸਕੂਲ ਦੇ ਵਿਦਿਆਰਥੀਆ ਵੱਲੋਂ 12 ਗੋਲਡ, 14 ਸਿਲਵਰ ਅਤੇ 11 ਬਰਾਊਨ ਮੈਡਲ ਜਿੱਤ ਕੇ ਸਕੂਲ ਦਾ ਨਾ ਰੋਸ਼ਨ ਕੀਤਾ ਹੈ। ਉਹਨਾ ਨੂੰ ਦੱਸਿਆ ਕਿ ਇਸ ਤੋਂ ਪਹਿਲਾ ਵੀ ਸਕੂਲ ਦੇ ਵਿਦਿਆਰਥੀਆ ਵੱਲੋਂ ਵੱਖ-ਵੱਖ ਵਰਗਾਂ ਵਿੱਚ ਗੋਲਡ ਮੈਡਲ ਜਿੱਤ ਕੇ ਸਕੂਲ ਦੀ ਝੋਲੀ ਵਿੱਚ ਪਾਏ ਹਨ। ਇਸ ਮੌਕੇ ਤੇ ਕਰਾਟੇ ਚੈਂਪੀਅਨਸ਼ਿਪ ਵਿੱਚ ਤਮਗੇ ਜਿੱਤਣ ਵਾਲੇ ਵਿਦਿਆਰਥੀਆ ਦਾ ਸਕੂਲ ਪਹੁੰਚਣ ਤੇ ਨਿੱਘਾ ਸਵਾਗਤ ਕੀਤਾ ਗਿਆ।

Scanned with OKEN Scanner